# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ. ਨਗਰ

## (ਅਮਲਾ-4 ਸ਼ਾਖਾ)

ਹੁਕਮ ਨੰ.: 2/1-2017ਅ-4(5)

ਮਿਤੀ : ਐਸ.ਏ.ਐਸ. ਨਗਰ ; 13.07.2018

ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ ਜੀ ਵੱਲੋਂ ਦਿੱਤੀ ਪ੍ਰਵਾਨਗੀ ਅਨੁਸਾਰ ਇਸ ਦਫਤਰ ਦੇ ਹੁਕਮ ਨੰ. 2/1-2017ਅ-4(5) ਮਿਤੀ 21.06.2018 ਰਾਹੀਂ ਗਠਿਤ ਕੀਤੀ ਗਈ ਸਕਰੀਨਿੰਗ ਕਮੇਟੀ ਦੀ ਸਿਫਾਰਿਸ਼ ਅਨੁਸਾਰ ਹੇਠ ਲਿਖੇ ਪ੍ਰਾਇਮਰੀ ਅਧਿਆਪਕ/ਅਧਿਆਪਕਾਵਾਂ ਨੂੰ ਬਤੌਰ ਹਿੰਦੀ ਮਾਸਟਰ/ਮਿਸਟ੍ਰੈਸ ਪੇ ਬੈਂਡ ਰੁਪਏ 10300-34800 (ਗ੍ਰੇਡ ਪੇ ਰੁਪਏ 5000) ਦੇ ਗ੍ਰੇਡ ਵਿੱਚ ਆਰਜੀ ਤੌਰ ਤੇ ਮਾਸਟਰ/ਮਿਸਟ੍ਰੈਸ ਕਾਡਰ ਵਿੱਚ ਹੇਠ ਲਿਖੀਆਂ ਸ਼ਰਤਾਂ ਤਹਿਤ ਤਰੱਕੀ ਦਿੱਤੀ ਜਾਂਦੀ ਹੈ :

| ਲੜੀ ਨੰ. | ਕਰਮਚਾਰੀ ਦਾ ਨਾਂ | ਤਰੱਕੀ ਤੋਂ ਪਹਿਲਾਂ | | ਕੈਟਾਗਰੀ | ਵਿਸ਼ਾ | ਵਿਸ਼ੇਸ਼ ਕਥਨ |
|---|---|---|---|---|---|---|
| | | ਅਹੁਦਾ (ਈ.ਟੀ.ਟੀ./ ਜੇ.ਬੀ.ਟੀ./ਐੱਚ.ਟੀ./ ਸੀ.ਐੱਚ.ਟੀ.) | ਸਕੂਲ (ਸਪ੍ਰਾਸ/ਬਲਾਕ/ਜਿਲ੍ਹਾ) | | | |
| 1 | ਅੰਗਰੇਜ ਸਿੰਘ | ਐਚ.ਟੀ. | ਢਿੱਲਵਾਂ/ ਬਾਘਾਪੁਰਾਣਾ/ ਮੋਗਾ | ਜਨਰਲ | ਹਿੰਦੀ | |
| 2 | ਗੁਰਮੀਤ ਸਿੰਘ | ਐਚ.ਟੀ. | ਡੱਲੇਵਾਲ/ ਹੁਸ਼ਿਆਰਪੁਰ-2/ ਹੁਸ਼ਿਆਰਪੁਰ | ਐਸ.ਸੀ. | ਹਿੰਦੀ | |
| 3 | ਕਿਰਨ ਬਾਲਾ | ਐਚ.ਟੀ. | ਬਸਤੀ ਹਿੰਮਤਪੁਰਾ/ ਜੈਤੋਂ/ ਫਰੀਦਕੋਟ | ਐਸ.ਸੀ. | ਹਿੰਦੀ | |
| 4 | ਰਾਕੇਸ਼ ਕੁਮਾਰ | ਐਚ.ਟੀ. | ਮਲੋਟ ਕੈਂਪ-2/ ਮਲੋਟ/ ਮੁਕਤਸਰ ਸਾਹਿਬ | ਜਨਰਲ | ਹਿੰਦੀ | |
| 5 | ਕੰਚਨ ਬਾਲਾ | ਐਚ.ਟੀ. | ਖਾਨਪੁਰ ਭੋਗਲਾਂ/ ਰਾਜਪੁਰਾ-2/ ਪਟਿਆਲਾ | ਜਨਰਲ | ਹਿੰਦੀ | |
| 6 | ਬਲਜੀਤ ਸਿੰਘ | ਈ.ਟੀ.ਟੀ. | ਜਿੰਦਲਪੁਰ/ ਭਾਦਸੋਂ-2/ ਪਟਿਆਲਾ | ਬੀ.ਸੀ. | ਹਿੰਦੀ | |
| 7 | ਜਸਵਿੰਦਰ ਕੌਰ | ਈ.ਟੀ.ਟੀ. | ਖੇਖਰ ਖੁਰਦ/ ਸੁਨਾਮ-1/ ਸੰਗਰੂਰ | ਐਸ.ਸੀ. | ਹਿੰਦੀ | |
| 8 | ਸੀਮਾ ਕੁਮਾਰੀ | ਈ.ਟੀ.ਟੀ. | ਸ਼ਾਮਪੁਰਾ/ ਰੋਪੜ-1/ ਰੂਪਨਗਰ | ਜਨਰਲ | ਹਿੰਦੀ | |
| 9 | ਸੁਖਦੀਪ ਕੌਰ | ਈ.ਟੀ.ਟੀ. | ਜਿਲ੍ਹਾ ਜੇਲ/ ਫਰੀਦਕੋਟ-2/ ਫਰੀਦਕੋਟ | ਜਨਰਲ | ਹਿੰਦੀ | |
| 10 | ਵੰਦਨਾ ਰਾਣੀ | ਐਚ.ਟੀ. | ਫਤਿਹਗੜ੍ਹ ਗੁੱਜਰਾਂ/ ਮਾਂਗਟ-1/ ਲੁਧਿਆਣਾ | ਜਨਰਲ | ਹਿੰਦੀ | |

ਸ਼ਰਤਾਂ :

1 ਸਬੰਧਿਤ ਕਰਮਚਾਰੀ/ਕਰਮਚਾਰਨ ਯੂ.ਜੀ.ਸੀ. ਦੀਆਂ ਗਾਈਡਲਾਈਨਜ਼ ਅਨੁਸਾਰ ਮਾਨਤਾ ਪ੍ਰਾਪਤ ਯੂਨੀਵਰਸਿਟੀ ਤੋਂ ਨਿਯਮਾਂ ਅਨੁਸਾਰ (ਬੀ.ਏ./ ਬੀ.ਐਸ.ਸੀ./ ਬੀ.ਐਡ. ਆਦਿ) ਪਾਸ ਹੋਵੇ ਅਤੇ ਸਮੇਂ -ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ/ਨਿਯਮਾਂ ਅਨੁਸਾਰ ਵਿਸ਼ਾ ਜੋੜ ਦੀ ਸ਼ਰਤ ਪੂਰੀ ਕਰਦਾ/ਕਰਦੀ ਹੋਵੇ।

2 ਮਾਨਯੋਗ ਸੁਪਰੀਮ ਕੋਰਟ/ ਹਾਈ ਕੋਰਟ ਵੱਲੋਂ ਪ੍ਰਮੋਸ਼ਨ ਵਿੱਚ ਰਾਖਵੇਂਕਰਨ ਦੇ ਮੁੱਦੇ ਤੇ ਪੈਂਡਿੰਗ ਲਿਟੀਗੇਸ਼ਨ ਦੇ ਸਬੰਧ ਵਿੱਚ ਕੋਈ ਵੀ ਫੈਸਲਾ ਲਿਆ ਜਾਂਦਾ ਹੈ ਤਾਂ ਉਸ ਦੀ ਪਾਲਣਾ ਕੀਤੀ ਜਾਵੇਗੀ ਅਤੇ ਇਸ ਦੇ ਚੱਲਦਿਆਂ ਜੇਕਰ ਕਿਸੇ ਰਿਵਰਸ਼ਨ ਦੀ ਲੋੜ ਪੈਂਦੀ ਹੈ ਤਾਂ ਬਿਨਾ ਕਿਸੇ ਨੂੰ ਨੋਟਿਸ ਦਿੱਤੇ ਤਰੱਕੀ ਤੋਂ ਰਿਵਰਟ ਕਰ ਦਿੱਤਾ ਜਾਵੇਗਾ।

3 ਤਰੱਕੀ ਉਪਰੰਤ ਪੋਸਟਿੰਗ ਵਾਲੀ ਥਾਂ ਤੇ ਹਾਜ਼ਰ ਕਰਾਉਣ ਤੋਂ ਪਹਿਲਾਂ ਸਬੰਧਿਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਉਸ ਦਾ ਅਪ-ਟੂ-ਡੇਟ ਸੇਵਾ ਰਿਕਾਰਡ ਚੈਕ ਕਰਨਗੇ। ਰਿਕਾਰਡ ਤਸੱਲੀਬਖਸ਼ ਨਾ ਹੋਣ ਦੀ ਸੂਰਤ ਵਿੱਚ ਹਾਜ਼ਰ ਨਾ ਕਰਵਾਇਆ ਜਾਵੇ ਸਗੋਂ ਇਸ ਬਾਰੇ ਸੂਚਨਾ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਨੂੰ ਭੇਜੀ ਜਾਵੇ।

4 ਇਹ ਪਦ-ਉਨਤ ਕਰਮਚਾਰੀ/ਕਰਮਚਾਰਨ ਸਬੰਧਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਵਿਖੇ ਤਤਕਾਲ ਸਮੇਂ ਤੋਂ ਆਪਣੀ ਹਾਜ਼ਰੀ ਰਿਪੋਰਟ ਪੇਸ਼ ਕਰਨਗੇ ਅਤੇ ਉਸ ਤੋਂ ਬਾਅਦ ਪੋਸਟਿੰਗ ਦੇ ਹੁਕਮ ਜਾਰੀ ਹੋਣ ਤੱਕ ਆਪਣੇ ਪਹਿਲੇ ਨਿਯੁਕਤੀ ਸਥਾਨ ਤੇ ਕੰਮ ਕਰਦੇ ਰਹਿਣਗੇ।

5 ਡਿਪਾਰਮੈਂਟ ਆਫ ਪ੍ਰਸੋਨਲ ਐਂਡ ਐਡਮਨਿਸਟ੍ਰੇਟਿਵ ਰੀਫਾਰਮਸ (ਪਰਸਨਲ ਪਾਲਿਸੀ ਬ੍ਰਾਂਚ-1) ਦੀ ਨੋਟੀਫਿਕੇਸ਼ਨ ਮਿਤੀ 04.05.1994 (ਕਾਮਨ ਕੰਡੀਸ਼ਨ ਰੂਲ) ਅਨੁਸਾਰ ਤਰੱਕੀ ਉਪਰੰਤ ਸਮੇਂ-ਸਿਰ ਹਾਜ਼ਰ ਨਾ ਹੋਣ ਵਾਲੇ ਕਰਮਚਾਰੀਆਂ ਨੂੰ ਨਿਯਮਾਂ ਤਹਿਤ ਡੀਬਾਰ ਕੀਤਾ ਜਾਵੇਗਾ।

6 ਇਹ ਤਰੱਕੀ ਦੇ ਹੁਕਮ ਤੱਥਾਂ ਦੇ ਗਲਤ ਸਾਬਤ ਹੋਣ ਜਾਂ ਸਬੰਧਿਤ ਕਰਮਚਾਰੀ ਵੱਲੋਂ ਗਲਤ ਵੇਰਵੇ ਦੇਣ ਕਾਰਨ ਜਾਂ ਕੰਮ/ਆਚਰਣ ਤਸੱਲੀ ਬਖਸ਼ ਨਾ ਹੋਣ ਕਾਰਨ ਬਿਨਾਂ ਨੋਟਿਸ ਦਿੱਤੇ ਰੱਦ ਕਰ ਦਿੱਤੇ ਜਾਣਗੇ।

7 ਸਬੰਧਿਤ ਕਰਮਚਾਰੀ/ਕਰਮਚਾਰਨ ਦੀ ਮਾਸਟਰ/ਮਿਸਟ੍ਰੈਸ ਕਾਡਰ ਵਿੱਚ ਸੀਨੀਆਰਤਾ ਨਿਯਮਾਂ ਅਨੁਸਾਰ ਫਿਕਸ ਕੀਤੀ ਜਾਵੇਗੀ।

8 ਸਬੰਧਿਤ ਕਰਮਚਾਰੀ/ਕਰਮਚਾਰਨ ਵਿਰੁੱਧ ਕੋਈ ਸ਼ਿਕਾਇਤ/ਪੜਤਾਲ ਪੈਂਡਿੰਗ ਨਾ ਹੋਣ ਦੀ ਸੂਰਤ ਵਿੱਚ ਹੀ ਉਸ ਨੂੰ ਤਰੱਕੀ ਉਪਰੰਤ ਪੋਸਟਿੰਗ ਵਾਲੀ ਥਾਂ ਤੇ ਹਾਜ਼ਰ ਕਰਵਾਇਆ ਜਾਵੇ।

9 ਇਹ ਸੁਨਿਸ਼ਚਿਤ ਕੀਤਾ ਜਾਵੇ ਕਿ ਜਿਨ੍ਹਾਂ ਕਰਮਚਾਰੀਆਂ ਨੇ ਵਿਭਾਗੀ ਸੇਵਾ ਦੌਰਾਨ ਪੱਤਰ-ਵਿਹਾਰ/ਰੈਗੂਲਰ ਮੋਡ ਰਾਹੀਂ ਵਿਦਿਅਕਯੋਗਤਾਵਾਂ ਹਾਸਲ ਕੀਤੀਆ ਹਨ, ਉਨ੍ਹਾਂ ਨੇ ਵਿਭਾਗੀ ਮੰਜੂਰੀ ਲਈ ਹੋਵੇ ਅਤੇ ਇਹ ਵੀ ਸੁਨਿਸ਼ਚਿਤ ਕੀਤਾ ਜਾਵੇ ਕਿ ਜੇਕਰ ਅਜਿਹੇ ਕਰਮਚਾਰੀਆਂ ਨੇ ਲੋੜੀਂਦੀਆਂ ਵਿਦਿਅਕਯੋਗਤਾਵਾਂ ਰੈਗੂਲਰ ਤੌਰ ਤੇ ਪ੍ਰਾਪਤ ਕੀਤੀਆਂ ਹਨ, ਤਾਂ ਇਸ ਸਬੰਧੀ ਸਮਰੱਥ ਅਧਿਕਾਰੀ ਤੋਂ ਲੋੜੀਂਦੀ ਛੁੱਟੀ ਸਬੰਧੀ ਮੰਜੂਰੀ ਪ੍ਰਾਪਤ ਕੀਤੀ ਹੋਵੇ।

10 ਉਹ ਪ੍ਰਾਇਮਰੀ ਅਧਿਆਪਕ ਜਿਨ੍ਹਾ ਵੱਲੋਂ ਹੈੱਡ-ਟੀਚਰ ਦੀ ਤਰੱਕੀ ਇਸ ਕਾਰਨ ਨਹੀਂ ਲਈ ਗਈ ਕਿਉਂਕਿ ਉਹ ਉਪਲੱਬਧ ਆਪਸ਼ਨ ਅਨੁਸਾਰ ਹੈੱਡ-ਟੀਚਰ ਦੀ ਥਾਂ ਤੇ ਮਾਸਟਰ ਕਾਡਰ ਵਿੱਚ ਤਰੱਕੀ ਲੈਣਾ ਚਾਹੁੰਦੇ ਸਨ। ਜਿਲ੍ਹਾ ਸਿੱਖਿਆ ਦਫਤਰਾਂ(ਐਸਿ) ਵੱਲੋਂ ਅਜਿਹੇ ਡੀਬਾਰ ਕੀਤੇ ਗਏ ਪ੍ਰਾਇਮਰੀ ਟੀਚਰਾਂ ਨੂੰ ਉਕਤ ਨਿਯਮਾਂ ਦੀ ਪ੍ਰੋਵਿਜੀਓ ਅਨੁਸਾਰ ਰਾਹਤ ਦਿੰਦੇ ਹੋਏ ਇਨ੍ਹਾਂ ਨੂੰ ਮਾਸਟਰ ਕਾਡਰ ਵਿੱਚ ਤਰੱਕੀ ਲਈ ਵਿਚਾਰਿਆ ਜਾਵੇ। ਪਰੰਤੂ ਪਿਛਲੇ 2 ਸਾਲਾਂ ਦੌਰਾਨ ਮਾਸਟਰ ਕਾਡਰ ਦੀ ਤਰੱਕੀ ਉਪਰੰਤ ਆਪਣੇ ਅਲਾਟ ਕੀਤੇ ਸਟੇਸ਼ਨ ਤੇ ਨਾ ਹਾਜ਼ਰ ਹੋਣ ਵਾਲੇ ਅਧਿਆਪਕਾਂ ਨੂੰ ਡੀਬਾਰ ਮੰਨਿਆ ਜਾਵੇਗਾ।

11 ਉਹਨਾਂ ਪ੍ਰਾਇਮਰੀ ਅਧਿਆਪਕ ਜਿਨ੍ਹਾਂ ਵੱਲੋਂ ਹੈੱਡ-ਟੀਚਰ/ਮਾਸਟਰ ਕਾਡਰ ਵਿੱਚ ਤਰੱਕੀ ਅਵੇਲ ਕਰ ਲਈ ਗਈ ਅਤੇ ਸਬੰਧਤ ਤਰੱਕੀ ਦੀ ਪੋਸਟ ਤੇ ਹਾਜ਼ਰ ਹੋਣ ਤੋਂ ਬਾਅਦ ਆਪਣੀ ਪ੍ਰਤੀ-ਬੇਨਤੀ ਦੇ ਅਧਾਰ ਤੇ ਰਿਵਰਸ਼ਨ ਲੈ ਲਈ ਗਈ ਹੈ। ਇਹਨਾਂ ਅਧਿਆਪਕਾਂ ਨੂੰ ਤਰੱਕੀ ਅਵੇਲ ਕਰਨ ਕਾਰਨ ਅਤੇ ਤਰੱਕੀ ਦੀ ਪੋਸਟ ਤੇ ਹਾਜ਼ਰ ਹੋਣ ਤੋਂ ਬਾਅਦ ਰਿਵਰਸ਼ਨ ਲੈਣ ਕਾਰਨ ਨਿਯਮਾਂ ਅਨੁਸਾਰ ਰਿਵਰਸ਼ਨ ਦੀ ਮਿਤੀ ਤੋਂ ਅਗਲੀ ਕਿਸੇ ਵੀ ਤਰੱਕੀ ਲਈ ਦੋ ਸਾਲਾਂ ਲਈ ਡੀ-ਬਾਰ ਸਮਝਿਆ ਜਾਵੇਗਾ।

12 ਜੇਕਰ ਕਿਸੇ ਕਾਰਨ ਵੱਖ-ਵੱਖ ਕਾਡਰਾਂ ਵਿੱਚ ਪਦ-ਉਨਤ ਕਰਮਚਾਰੀਆਂ ਤੋਂ ਸੀਨੀਅਰ ਕਰਮਚਾਰੀ ਤਰੱਕੀ ਲੈਣ ਤੋਂ ਵਾਂਝਾ ਰਹਿ ਗਿਆ ਹੋਵੇ ਅਤੇ ਉਸ ਦੀ ਤਰੱਕੀ ਕਾਰਨ ਕਿਸੇ ਕਰਮਚਾਰੀ ਨੂੰ ਰਿਵਰਟ ਕਰਨਾ ਪਿਆ ਤਾਂ ਉਸ ਨੂੰ ਬਿਨਾਂ ਨੋਟਿਸ ਦਿੱਤੇ ਰਿਵਰਟ ਕਰ ਦਿੱਤਾ ਜਾਵੇਗਾ।

13 ਇਹ ਤਰੱਕੀ ਇੱਕ ਸਾਲ ਦੇ ਸਮੇਂ ਲਈ ਪ੍ਰਬੇਸ਼ਨ ਤੇ ਹੋਵੇਗੀ।

14 ਵਿਭਾਗ ਦੇ ਪੱਤਰ ਨੰ: 2/1-17ਅ4(5) ਮਿਤੀ 26.06.2018 ਰਾਹੀਂ ਜਾਰੀ ਕੀਤੇ ਪਬਲਿਕ ਨੋਟਿਸ ਅਨੁਸਾਰ ਮਿਤੀ 28.06.2018 ਅਤੇ ਇਸ ਦੀ ਲਗਾਤਾਰਤਾ ਵਿੱਚ ਜਾਰੀ ਪਬਲਿਕ ਨੋਟਿਸ ਮਿਤੀ 02.07.2018 ਅਨੁਸਾਰ ਮਿਤੀ 05.07.2018 ਦੀ ਕਾਉਂਸਲਿੰਗ ਵਿੱਚ ਹਾਜ਼ਰ ਹੋਏ ਕਰਮਚਾਰੀਆਂ ਵਿੱਚੋਂ ਕੋਈ ਸੀਨੀਅਰ ਕਰਮਚਾਰੀ ਪਦ-ਉਨਤ ਹੋਣ ਤੋਂ ਰਹਿ ਜਾਂਦਾ ਹੈ, ਤਾਂ ਉਹ ਤਰੱਕੀ ਸਬੰਧੀ ਆਪਣਾ ਕਲੇਮ ਦਸਤਾਵੇਜੀ ਪਰੂਫਾਂ ਸਹਿਤ 15 ਦਿਨਾਂ ਦੇ ਅੰਦਰ-ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਵਿਖੇ ਪੇਸ਼ ਕਰੇਗਾ।

15 ਸਿ.ਰਿ.ਪਟੀ. ਨੰ. 15997 ਆਫ 2016 ਕਵਿਤਾ ਰਾਣੀ ਅਤੇ ਹੋਰ ਬਨਾਮ ਪੰਜਾਬ ਸਰਕਾਰ, ਸਿ.ਰਿ.ਪਟੀ. ਨੰ. 13563 ਆਫ 2016 ਬਲਦੇਵ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ, ਸਿ.ਰਿ.ਪਟੀ. ਨੰ. 16006 ਆਫ 2018 ਤਰਸੇਮ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ, ਅਤੇ ਹੋਰ ਸਬੰਧਤ ਮੇਲ ਖਾਦੀਆਂ ਰਿੱਟ ਪਟੀਸ਼ਨਾਂ/ ਹੋਰ ਕਿਸੇ ਵੀ ਸਬੰਧਤ ਕੋਰਟ ਕੇਸ ਵਿੱਚ ਹੋਣ ਵਾਲਾ ਅੰਤਿਮ ਫੈਸਲਾ ਲਾਗੂ ਹੋਵੇਗਾ। ਪਦ-ਉਨਤੀਆਂ ਬਿਲਕੁੱਲ ਆਰਜੀ ਹਨ ਅਤੇ ਉਕਤ ਰਿੱਟ ਪਟੀਸ਼ਨਾਂ/ਹੋਰ ਸਬੰਧਤ ਮੇਲ ਖਾਦੀਆਂ ਰਿੱਟ ਪਟੀਸ਼ਨਾਂ ਦੇ ਫੈਸਲੇ ਉਪਰ ਨਿਰਭਰ ਕਰਨਗੀਆਂ।

ਪਰਮਜੀਤ ਸਿੰਘ (ਪੀ.ਸੀ.ਐਸ.)
ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ

ਪਿਠ ਅੰਕਣ ਨੰ.: - ਉਕਤ - ਮਿਤੀ : 13.07.2018

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਅਗਲੇਰੀਯੋਗਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1 ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ।
2 ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ, ਐਸ.ਏ.ਐਸ. ਨਗਰ।
3 ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.) ਪੰਜਾਬ, ਐਸ.ਏ.ਐਸ. ਨਗਰ।

4 ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ.) ਵੱਲੋਂ ਸਬੰਧਤ ਕਰਮਚਾਰੀ ਨੂੰ ਤਰੱਕੀ ਉਪਰੰਤ ਫਾਰਗ ਕਰਨ ਤੋਂ ਪਹਿਲਾਂ ਉਸ ਦੀਆਂ ਵਿਦਿਅਕਯੋਗਤਾਵਾਂ ਸਬੰਧੀ ਅਸਲ ਸਰਟੀਫਿਕੇਟ, ਸ਼ਿਕਾਇਤ/ਪੜਤਾਲ ਪੈਂਡਿੰਗ ਨਾ ਹੋਣ ਸਬੰਧੀ, ਸ਼ਰਤਾਂ ਦੇ ਲੜੀ ਨੰ. 10 ਅਤੇ 11 ਅਨੁਸਾਰ ਡੀਬਾਰ/ਰਿਵਰਸ਼ਨ ਰਿਕਾਰਡ, ਪਰਖ ਸਮਾਂ, ਪਿਛਲੇ ਪੰਜ ਸਾਲਾਂ ਦਾ ਸੇਵਾ ਰਿਕਾਰਡ ਚੈੱਕ ਕਰਨ ਬੈਂਚ ਮਾਰਕ ਪੂਰੇ ਅਤੇ ਰਿਕਾਰਡ ਤਸੱਲੀਬਖਸ਼ ਹੋਣ ਉਪਰੰਤ ਕਰਮਚਾਰੀ ਨੂੰ ਫਾਰਗ ਕੀਤਾ ਜਾਵੇ।

5 ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਵੱਲੋਂ ਸਬੰਧਤ ਕਰਮਚਾਰੀ ਨੂੰ ਤਰੱਕੀ ਉਪਰੰਤ ਹਾਜ਼ਰ ਕਰਾਉਣ ਤੋਂ ਪਹਿਲਾਂ ਉਸ ਦੀਆਂ ਵਿਦਿਅਕਯੋਗਤਾਵਾਂ ਸਬੰਧੀ ਅਸਲ ਸਰਟੀਫਿਕੇਟ, ਸੇਵਾ ਰਿਕਾਰਡ, ਸਲਾਨਾ ਗੁਪਤ ਰਿਪੋਰਟਾਂ, ਸ਼ਿਕਾਇਤ/ਪੜਤਾਲ ਪੈਂਡਿੰਗ ਨਾ ਹੋਣ ਸਬੰਧੀ ਰਿਕਾਰਡ ਚੈੱਕ ਕਰਨਗੇ। ਇਹ ਵੀ ਸੁਨਿਸ਼ਚਿਤ ਕੀਤਾ ਜਾਵੇ ਕਿ ਕਰਮਚਾਰੀਆਂ ਦੀਆਂ ਵਿਦਿਅਕਯੋਗਤਾਵਾਂ/ਡਿਗਰੀਆਂ ਯੂ.ਜੀ.ਸੀ./ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਹੀ ਹਨ। ਉਸ ਦਾ ਸੇਵਾ ਰਿਕਾਕਡ ਤਸੱਲੀਬਖਸ਼ ਨਾ ਹੋਣ ਦੀ ਸੂਰਤ ਵਿੱਚ ਹਾਜ਼ਰ ਨਾ ਕਰਵਾਇਆ ਜਾਵੇ, ਸਗੋਂ ਇਸ ਸਬੰਧੀ ਰਿਪੋਰਟ ਡਾਇਰੈਕਟੋਰੇਟ ਨੂੰ ਭੇਜੀ ਜਾਵੇ। ਜਿਹੜੇ ਕਰਮਚਾਰੀ ਨਿਸ਼ਚਿਤ ਸਮੇਂ ਅੰਦਰ ਹਾਜ਼ਰ ਨਹੀਂ ਹੁੰਦੇ, ਉਨ੍ਹਾਂ ਦੀ ਸੂਚਨਾ ਤੁਰੰਤ ਡਾਇਰੈਕਟੋਰੇਟ ਨੂੰ ਭੇਜਣਗੇ। ਜਿਨ੍ਹਾਂ ਕਰਮਚਾਰੀਆਂ ਨੇ ਪੰਜਾਬ ਰਾਜ ਤੋਂ ਬਾਹਰਲੀ ਯੂਨੀਵਰਸਿਟੀਆਂ ਤੋਂ ਪ੍ਰਾਈਵੇਟ/ਪੱਤਰ-ਵਿਹਾਰ ਵਿਹਾਰ (ਸਿਵਾਏ ਇਗਨੋ ਯੂਨੀਵਰਸਿਟੀ) ਰਾਹੀਂ ਵਿਦਿਅਕਯੋਗਤਾਵਾਂ ਪਾਸ ਕੀਤੀਆਂ ਹਨ, ਉਨ੍ਹਾਂ ਨੂੰ ਹਾਜ਼ਰ ਨਾ ਕਰਵਾਇਆ ਜਾਵੇ ਅਤੇ ਇਸ ਦੀ ਰਿਪੋਰਟ ਡਾਇਰੈਕਟਰ ਸਿੱਖਿਆ ਵਿਭਾਗ ਨੂੰ ਭੇਜੀ ਜਾਵੇ। ਕਰਮਚਾਰੀਆਂਯੋਗਤਾਵਾਂ ਸਬੰਧੀ ਅਸਲ ਸਰਟੀਫਿਕੇਟ ਸਬੰਧਤ ਯੂਨੀਵਰਸਿਟੀ ਤੋਂ ਵੈਰੀਫਾਈ ਕਰਵਾਏ ਜਾਣ। ਇਹ ਪ੍ਰਕਿਰਿਆ ਤਿੰਨ ਮਹੀਨੇ ਦੇ ਅੰਦਰ-ਅੰਦਰ ਪੂਰੀ ਕਰ ਲਈ ਜਾਵੇ ਅਤੇ ਇਸ ਦੀ ਰਿਪੋਰਟ ਡਾਇਰੈਕਟੋਰੇਟ ਨੂੰ ਭੇਜੀ ਜਾਵੇ। ਜੇਕਰ ਯੂਨੀਵਰਸਿਟੀ ਦੀ ਕੋਈ ਫੀਸ ਅਦਾ ਕਰਨੀ ਪੈਂਦੀ ਹੈ ਤਾਂ ਉਹ ਸਬੰਧਤ ਕਰਮਚਾਰੀ ਵੱਲੋਂ ਕੀਤੀ ਜਾਵੇ।

6 ਸਬੰਧਤ ਕਰਮਚਾਰੀ/ਕਰਮਚਾਰਨ ਇਹਨਾਂ ਹੁਕਮਾਂ ਦੀ ਕਾਪੀ www.ssapunjab.org ਤੋਂ ਪ੍ਰਾਪਤ ਕਰਨਗੇ।

ਸਹਾਇਕ ਡਾਇਰੈਕਟਰ (ਸ:ਪ੍ਰ:4)